ਬਾਹਰਾ ਕਾਲਜ ਆਫ਼ ਲਾਅ ਵਿਖੇ ਮਨਾਏ ਸੰਵਿਧਾਨ ਦਿਵਸ ਦੇ ਵੱਖ-ਵੱਖ ਦ੍ਰਿਸ਼। ਅਜੀਤ ਤਸਵੀਰ

ਬਾਹਰਾ ਕਾਲਜ ਆਫ਼ ਲਾਅ ਵਿਖੇ ਸੰਵਿਧਾਨ ਦਿਵਸ ਮਨਾਇਆ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-ਸੰਵਿਧਾਨ ਦਿਵਸ ਦੇ ਮੌਕੇ 'ਤੇ ਬਾਹਰਾ ਕਾਲਜ ਆਫ਼ ਲਾਅ, ਪਟਿਆਲਾ ਦੇ ਫੈਕਲਟੀ ਕੋਆਰਡੀਨੇਟਰ ਬਲਜਿੰਦਰ ਕੌਰ ਤੇ ਆਸਥਾ ਚੋਪੜਾ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਉਣ ਦੇ ਮੌਕੇ 'ਤੇ ਸੰਵਿਧਾਨਵਾਦ ਅਤੇ ਮਨੁੱਖੀ ਅਧਿਕਾਰਾਂ ਦੇ ਵਿਸ਼ੇ 'ਤੇ ਰਾਸ਼ਟਰੀ ਸਿੰਪੋਜੀਅਮ ਕਰਵਾਇਆ ਗਿਆ। ਇਹ ਪ੍ਰੋਗਰਾਮ ਆਡੀਟੋਰੀਅਮ ਹਾਲ 'ਚ ਬਹੁਤ ਉਤਸ਼ਾਹ ਅਤੇ ਭਾਗੀਦਾਰੀ ਨਾਲ ਹੋਇਆ। ਇਸ ਮੌਕੇ ਮੁੱਖ ਮਹਿਮਾਨ ਪ੍ਰੋ. (ਡਾ.) ਭੁਪਿੰਦਰ ਸਿੰਘ ਵਿਰਕ, ਡੀਨ ਕਾਨੂੰਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਸਨ ਅਤੇ ਐਡਵੋਕੇਟ ਰਾਕੇਸ਼ ਗੁਪਤਾ, ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ ਦੇ ਚੇਅਰਮੈਨ ਮਹਿਮਾਨ ਸਨ। ਆਪਣੇ ਸੰਬੋਧਨ 'ਚ ਪ੍ਰੋਫੈਸਰ ਡਾ. ਭੁਪਿੰਦਰ ਸਿੰਘ ਵਿਰਕ ਨੇ ਸੰਵਿਧਾਨ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਇਆ, ਸਾਡੇ ਸੰਵਿਧਾਨ 'ਚ ਦਰਜ ਮੁਖ ਕਦਰਾਂ-ਕੀਮਤਾਂ, ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰਾ ਨੂੰ ਉਜਾਗਰ ਕਰਦੇ ਹੋਏ ਐਡਵੋਕੇਟ ਰਾਕੇਸ਼ ਗੁਪਤਾ ਨੇ ਆਪਣੇ ਸੰਬੋਧਨ 'ਚ ਦੱਸਿਆ ਕਿ 26 ਨਵੰਬਰ 1949 ਨੂੰ ਸੰਵਿਧਾਨ ਨੂੰ ਕਿਵੇਂ ਅਪਣਾਇਆ ਗਿਆ ਸੀ।

ਇਸ ਸਿੰਪੋਜੀਅਮ 'ਚ ਪ੍ਰੀਤਿੰਦਰ ਕੌਰ ਦੁਆਰਾ ਵਿਸ਼ੇ 'ਤੇ ਮਾਹਿਰ ਭਾਸ਼ਣ ਸ਼ਾਮਲ ਸੀ, ਜਿਸ ਤੋਂ ਬਾਅਦ ਸੰਵਿਧਾਨਕ ਕਦਰਾਂ-ਕੀਮਤਾਂ 'ਤੇ ਇਕ ਸਕਿੱਟ ਤੇ ਕੋਰੀਓਗ੍ਰਾਫੀ ਕੀਤੀ ਗਈ। ਇਸ ਸਮਾਗਮ ਦਾ ਸਮਾਪਨ ਭਾਗੀਦਾਰਾਂ ਦੁਆਰਾ ਸਹੁੰ ਚੁੱਕਣ ਅਤੇ ਡਾਇਰੈਕਟਰ, ਡਾ. ਸੰਜੀਵ ਕੁਮਾਰ ਅਤੇ ਸਰਪ੍ਰਸਤ, ਪ੍ਰੀਤਮ ਸਿੰਘ ਜੌਹਲ ਦੁਆਰਾ ਧੰਨਵਾਦ ਦੇ ਮਤੇ ਨਾਲ ਹੋਇਆ, ਜਿਨ੍ਹਾਂ ਨੇ ਸਾਡੇ ਨਾਲ ਸੰਵਿਧਾਨ ਦਿਵਸ ਮਨਾਉਣ ਲਈ ਸ਼ਾਮਲ ਹੋਏ ਮਹਿਮਾਨਾਂ ਤੇ ਹੋਰ ਪਤਵੰਤਿਆਂ ਦਾ ਧੰਨਵਾਦ ਕੀਤਾ।

ਹਲਕਾ ਸਮਾਣਾ ਦੀ ਕਮਾਂਡ ਹਰਿਆਊ ਨੂੰ ਦੇਣ ਤੋਂ ਬਾਅਦ ਅਕਾਲੀ ਦਲ 'ਚ ਖ਼ੁਸ਼ੀ ਦੀ ਲਹਿਰ

ਪਟਿਆਲਾ, 27 ਨਵੰਬਰ (ਗੁਰਪ੍ਰੀਤ ਸਿੰਘ ਚੱਠਾ)-ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਹਲਕਾ ਸਮਾਣਾ ਦੀ ਕਮਾਂਡ ਜ਼ਿਲ੍ਹਾ ਦਿਹਾਤੀ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੂੰ ਸੌਂਪੇ ਜਾਣ 'ਤੇ ਪਾਰਟੀ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਪਾਰਟੀ ਦੇ ਜਨਰਲ ਸਕੱਤਰ ਯੂਥ ਅਕਾਲੀ ਦਲ ਮਲਕੀਤ ਸਿੰਘ ਚੀਮਾ ਨੇ ਇਸ ਫ਼ੈਸਲੇ ਨੂੰ ਸਵਾਗਤ ਯੋਗ ਕਰਾਰ ਦਿੰਦਿਆਂ ਹਰਿਆਊ ਨੂੰ ਵਧਾਈ ਦਿੱਤੀ ਹੈ। ਚੀਮਾ ਨੇ ਕਿਹਾ ਕਿ ਜਗਮੀਤ ਸਿੰਘ ਹਰਿਆਊ ਇਕ ਸਾਊ, ਇਮਾਨਦਾਰ ਅਤੇ ਮਿਹਨਤੀ ਆਗੂ ਹਨ, ਜੋ ਲੰਮੇ ਸਮੇਂ ਤੋਂ ਪਿੰਡ ਪੱਧਰ ਤੋਂ ਲੈ ਕੇ ਜ਼ਿਲ੍ਹਾ ਪੱਧਰ ਤੱਕ ਪਾਰਟੀ ਨੂੰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੇ ਆਏ ਹਨ। ਉਨ੍ਹਾਂ ਨੇ ਕਿਹਾ ਕਿ ਪਾਰਟੀ ਵਲੋਂ ਸਮਾਣਾ ਵਰਗੇ ਮਹੱਤਵਪੂਰਨ ਹਲਕੇ ਦੀ ਕਮਾਂਡ ਇਕ ਯੋਗ ਅਤੇ ਤਜ਼ਰਬੇਕਾਰ ਆਗੂ ਨੂੰ ਸੌਂਪ ਕੇ ਬਿਲਕੁਲ ਸਹੀ ਫ਼ੈਸਲਾ ਲਿਆ ਹੈ। ਚੀਮਾ ਅਨੁਸਾਰ, ਹਰਿਆਊ ਦੀ ਨਿਯੁਕਤੀ ਨਾਲ ਹਲਕੇ 'ਚ ਸ਼੍ਰੋਮਣੀ ਅਕਾਲੀ ਦਲ ਦਾ ਸੰਗਠਨਾਤਮਕ ਢਾਂਚਾ ਹੋਰ ਮਜ਼ਬੂਤ ਤੇ ਚੁਸਤ ਹੋਵੇਗਾ, ਜਦਕਿ ਨੌਜਵਾਨਾਂ ਅਤੇ ਵਰਕਰਾਂ 'ਚ ਵੀ ਨਵਾਂ ਜੋਸ਼ ਵੇਖਣ ਨੂੰ ਮਿਲੇਗਾ। ਪਾਰਟੀ ਵਰਗਾਂ ਅਨੁਸਾਰ, ਇਸ ਨਿਯੁਕਤੀ ਨੂੰ ਹਲਕੇ ਦੇ ਅੰਦਰ ਇਕ ਸਕਾਰਾਤਮਿਕ ਸੰਦੇਸ਼ ਵਜੋਂ ਦੇਖਿਆ ਜਾ ਰਿਹਾ ਹੈ ਅਤੇ ਉਮੀਦ ਜ਼ਾਹਿਰ ਕੀਤੀ ਜਾ ਰਹੀ ਹੈ ਕਿ ਇਸ ਨਾਲ ਅਕਾਲੀ ਦਲ ਦੀ ਟੀਮ ਨਵੇਂ ਜੋਸ਼ ਅਤੇ ਜਜ਼ਬੇ ਨਾਲ ਮੈਦਾਨ 'ਚ ਉੱਤਰੇਗੀ।

ਜਗਮੀਤ ਸਿੰਘ ਹਰਿਆਊ

ਮਲਟੀ ਪਰਪਜ਼ ਹੈਲਥ ਵਰਕਰ (ਪੁਰਸ਼) ਆਪਣਾ ਮੰਗ ਪੱਤਰ ਦਿਖਾਉਂਦੇ ਹੋਏ। ਅਜੀਤ ਤਸਵੀਰ

ਟੈਂਕੀ 'ਤੇ ਮੋਰਚਾ ਨੌਵੇਂ ਦਿਨ ਵੀ ਜਾਰੀ, ਸਿਹਤ ਮੰਤਰੀ ਦਾ ਘਿਰਾਓ ਅੱਜ

ਪਟਿਆਲਾ, 27 ਨਵੰਬਰ (ਮਨਦੀਪ ਸਿੰਘ ਖਰੌੜ)-ਸਥਾਨਕ ਪਾਸੀ ਰੋਡ 'ਤੇ ਆਮ ਆਦਮੀ ਕਲੀਨਿਕ ਨੇੜੇ ਟੈਂਕੀ 'ਤੇ ਅਤੇ ਹੇਠਾਂ ਬੈਠੇ ਬੇਰੁਜ਼ਗਾਰਾਂ ਦਾ ਮੋਰਚਾ ਨੌਵੇਂ ਦਿਨ ਵੀ ਜਾਰੀ ਰਿਹਾ। ਮੱਖਣ ਸਿੰਘ ਜਿਉਂ ਦੀ ਤਿਉਂ ਟੈਂਕੀ 'ਤੇ ਬੈਠੇ ਹੋਏ ਹਨ ਅਤੇ ਹੇਠਾਂ ਮੋਰਚਾ ਜਾਰੀ ਹੈ। ਬੇਰੁਜ਼ਗਾਰਾਂ ਦੀ ਮੰਗ ਹੈ ਕਿ ਸਿਹਤ ਮੰਤਰੀ ਡਾ. ਬਲਬੀਰ ਸਿੰਘ ਸਿਹਤ ਵਿਭਾਗ 'ਚ ਜਾਰੀ ਹੋਈਆਂ ਮਲਟੀ ਪਰਪਜ਼ ਹੈਲਥ ਵਰਕਰ (ਪੁਰਸ਼) ਦੀਆਂ 270 ਪੋਸਟਾਂ 'ਚ ਉਮਰ ਹੱਦ ਛੋਟ ਦੇਣ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਅਨੇਕਾਂ ਵਾਰ ਇਸ ਗੱਲ ਦੇ ਜਨਤਕ ਐਲਾਨ ਕੀਤੇ ਹਨ, ਪਰ ਉਨ੍ਹਾਂ ਦੀ ਮੰਗ ਅਜੇ ਤੀਕ ਪੂਰੀ ਨਹੀਂ ਹੋਈ। ਦੂਜੇ ਪਾਸੇ ਜਦੋਂ ਬੇਰੁਜ਼ਗਾਰਾਂ ਨੂੰ ਜਦੋਂ ਇਸ ਗੱਲ ਦੀ ਭਿਣਕ ਪਈ ਕਿ ਮੁੱਖ ਮੰਤਰੀ ਭਗਵੰਤ ਮਾਨ ਸਥਾਨਕ ਪੰਜਾਬੀ ਯੂਨੀਵਰਸਿਟੀ 'ਚ ਪਹੁੰਚ ਰਹੇ ਹਨ ਤਾਂ ਬੇਰੁਜ਼ਗਾਰ ਸੁਖਵਿੰਦਰ ਸਿੰਘ ਢਿਲਵਾਂ ਦੀ ਅਗਵਾਈ 'ਚ ਗੁਪਤ ਤਰੀਕੇ ਨਾਲ ਪੰਜਾਬੀ ਯੂਨੀਵਰਸਿਟੀ ਦੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਹਾਲ ਨੇੜੇ ਪਹੁੰਚ ਗਏ। ਪ੍ਰਸ਼ਾਸਨ ਨੂੰ ਝਿੜਕ ਮਿਲਦਿਆਂ ਹੀ ਹੱਥਾਂ ਪੈਰਾਂ ਦੀ ਪੈ ਗਈ। ਸ੍ਰ. ਢਿਲਵਾਂ ਨੇ ਦੱਸਿਆ ਸਿਵਲ ਕੱਪੜਿਆਂ 'ਚ ਪੁਲਿਸ ਵਲੋਂ ਉਨ੍ਹਾਂ ਦਾ ਪਿੱਛਾ ਕੀਤਾ ਗਿਆ। ਪ੍ਰਸ਼ਾਸਨ ਨੇ ਉਨ੍ਹਾਂ ਅਤੇ ਸਾਥੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਕਾਫੀ ਜੱਦੋ-ਜਹਿਦ ਕੀਤੀ ਪਰੰਤੂ ਬੇਰੁਜ਼ਗਾਰ ਇਸ ਗੱਲ 'ਤੇ ਬਜ਼ਿਦ ਰਹੇ ਕਿ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਮਿਲਾਇਆ ਜਾਵੇ ਅਤੇ ਹਾਲ ਦੇ ਨੇੜੇ ਹੀ ਦੁਬਕੇ ਰਹੇ। ਮੁੱਖ ਮੰਤਰੀ ਭਗਵੰਤ ਮਾਨ ਬੇਰੁਜ਼ਗਾਰਾਂ ਨੂੰ ਬਿਨਾਂ ਮਿਲੇ ਹੀ ਖਿਸਕ ਗਏ। ਵਰਨਣਯੋਗ ਹੈ ਕਿ ਬੇਰੁਜ਼ਗਾਰਾਂ ਨੇ 28 ਨਵੰਬਰ ਨੂੰ ਸਥਾਨਕ ਪਾਸੀ ਰੋਡ 'ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਕੋਠੀ ਦੇ ਘਿਰਾਓ ਦਾ ਐਲਾਨ ਵੀ ਕੀਤਾ ਹੋਇਆ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਢਿਲਵਾਂ ਨੇ ਦੱਸਿਆ ਕਿ ਉਨ੍ਹਾਂ ਵਲੋਂ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸਿਹਤ ਮੰਤਰੀ ਦੀ ਕੋਠੀ ਨੂੰ ਕੂਚ ਕੀਤਾ ਜਾਵੇਗਾ।

'ਦ ਮਿਲੇਨੀਅਮ ਸਕੂਲ ਦੇ ਕੁੰਵਰ ਪ੍ਰਤਾਪ ਸਿੰਘ ਨੇ ਜਿੱਤਿਆ ਸੋਨ ਤਗਮਾ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-'ਦ ਮਿਲੇਨੀਅਮ ਸਕੂਲ, ਪਟਿਆਲਾ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਕੁੰਵਰ ਪ੍ਰਤਾਪ ਸਿੰਘ ਨੇ ਇਕ ਵਾਰ ਫਿਰ ਸੰਸਥਾ ਦਾ ਨਾਂਅ ਚਮਕਾਇਆ ਹੈ। ਕੁੰਵਰ ਨੇ ਹਾਲ ਹੀ 'ਚ ਸੰਪੰਨ ਹੋਈ ਅੰਡਰ-19 ਬਾਕਸਿੰਗ ਸਕੂਲ ਸਟੇਟ ਚੈਂਪੀਅਨਸ਼ਿਪ 'ਚ ਆਪਣੀ ਜ਼ਬਰਦਸਤ ਕਾਰਗੁਜ਼ਾਰੀ ਦਿਖਾਉਂਦੇ ਹੋਏ ਸੋਨ ਤਮਗ਼ਾ ਜਿੱਤਿਆ ਹੈ। ਇਸ ਵੱਡੀ ਪ੍ਰਾਪਤੀ ਸਦਕਾ, ਕੁੰਵਰ ਪ੍ਰਤਾਪ ਸਿੰਘ ਨੂੰ ਆਗਾਮੀ ਸਕੂਲ ਨੈਸ਼ਨਲ ਟੂਰਨਾਮੈਂਟ ਲਈ ਵੀ ਚੁਣ ਲਿਆ ਗਿਆ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਹਰਪ੍ਰੀਤ ਪੰਧੇਰ ਨੇ ਕੁੰਵਰ ਪ੍ਰਤਾਪ ਸਿੰਘ ਨੂੰ ਇਸ ਸ਼ਾਨਦਾਰ ਸਫਲਤਾ ਲਈ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਕੁੰਵਰ ਨੇ ਆਪਣੀ ਮਿਹਨਤ ਨਾਲ ਸਾਡੀ ਸੰਸਥਾ ਅਤੇ ਸੂਬੇ ਦਾ ਨਾਂਅ ਰੌਸ਼ਨ ਕੀਤਾ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਨੈਸ਼ਨਲ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਤਮਗ਼ਾ ਜਿੱਤੇਗਾ। ਇਸ ਮੌਕੇ ਸਮੁੱਚੇ ਸਕੂਲ ਪਰਿਵਾਰ ਨੇ ਕੁੰਵਰ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਜਾਹਰ ਕੀਤੀ ਹੈ ਤੇ ਨੈਸ਼ਨਲ ਟੂਰਨਾਮੈਂਟ ਲਈ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਕੁੰਵਰ ਪ੍ਰਤਾਪ ਸਿੰਘ

ਖ਼ਾਲਸਾ ਕਾਲਜ ਵਿਖੇ ਕਰਵਾਏ ਵਿਸ਼ੇਸ਼ ਲੇਖ ਲਿਖਣ ਮੁਕਾਬਲੇ ਦਾ ਦ੍ਰਿਸ਼। ਅਜੀਤ ਤਸਵੀਰ

ਖ਼ਾਲਸਾ ਕਾਲਜ ਵਿਖੇ ਔਰਤ ਹਿੰਸਾ ਨੂੰ ਖ਼ਤਮ ਕਰਨ ਲਈ ਲੇਖ ਲਿਖਣ ਮੁਕਾਬਲਾ ਕਰਵਾਇਆ

ਪਟਿਆਲਾ, 27 ਨਵੰਬਰ (ਗੁਰਵਿੰਦਰ ਸਿੰਘ ਔਲਖ)-ਖ਼ਾਲਸਾ ਕਾਲਜ ਵਿਖੇ ਔਰਤਾਂ ਵਿਰੁੱਧ ਹਿੰਸਾ ਨੂੰ ਖ਼ਤਮ ਕਰਨ ਲਈ ਅੰਤਰਰਾਸ਼ਟਰੀ ਦਿਵਸ ਮਨਾਇਆ ਗਿਆ, ਜਿਸ 'ਚ 'ਔਰਤਾਂ ਵਿਰੁੱਧ ਹਿੰਸਾ ਦਾ ਖ਼ਾਤਮਾ' ਵਿਸ਼ੇ ਉਪਰ ਲੇਖ ਲਿਖਣ ਮੁਕਾਬਲਾ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਚਾ ਨੇ ਕਿਹਾ ਕਿ ਔਰਤਾਂ ਵਿਰੁੱਧ ਹਿੰਸਾ ਸਮਾਜ ਦੀ ਇਕ ਗੰਭੀਰ ਬਿਮਾਰੀ ਹੈ, ਜਿਸ ਨੂੰ ਖ਼ਤਮ ਕਰਨ ਲਈ ਸਾਨੂੰ ਸਿੱਖਿਆ ਅਤੇ ਜਾਗਰੂਕਤਾ ਨਾਲ ਅੱਗੇ ਵਧਣਾ ਚਾਹੀਦਾ ਹੈ। ਅਜਿਹੇ ਮੁਕਾਬਲੇ ਵਿਦਿਆਰਥੀਆਂ ਨੂੰ ਨਾ ਸਿਰਫ਼ ਆਪਣੀਆਂ ਭਾਵਨਾਵਾਂ ਨੂੰ ਕਲਮ ਰਾਹੀਂ ਪ੍ਰਗਟ ਕਰਨ ਦਾ ਮੌਕਾ ਦਿੰਦੇ ਹੈ, ਸਗੋਂ ਉਨ੍ਹਾਂ ਨੂੰ ਔਰਤ ਸਸ਼ਕਤੀਕਰਨ ਵੱਲ ਇਕ ਮਜ਼ਬੂਤ ਕਦਮ ਵੀ ਚੁੱਕਣ ਲਈ ਪ੍ਰੇਰਿਤ ਕਰਦੇ ਹਨ। ਕਾਲਜ ਦੇ ਵਿਦਿਆਰਥੀ ਭਲਾਈ ਕਮੇਟੀ (ਲੜਕੀਆਂ) ਦੇ ਕਨਵੀਨਰ ਤੇ ਡੀਨ ਡਾ. ਰਾਜਵਿੰਦਰ ਕੌਰ ਨੇ ਕਿਹਾ ਕਿ, ਇਹ ਮੁਕਾਬਲਾ ਨਾ ਸਿਰਫ਼ ਵਿਦਿਆਰਥੀਆਂ ਨੂੰ ਲਿਖਣ ਕਲਾ ਦਾ ਮੌਕਾ ਦਿੰਦਾ ਹੈ, ਸਗੋਂ ਔਰਤਾਂ ਵਿਰੁੱਧ ਹੁੰਦੀ ਬੇਇਨਸਾਫ਼ੀ ਵਿਰੁੱਧ ਆਵਾਜ਼ ਉਠਾਉਣ 'ਚ ਵੀ ਮਦਦ ਕਰਦਾ ਹੈ। ਨੰਨ੍ਹੀ ਛਾਂ ਸੈੱਲ ਦੇ ਕਨਵੀਨਰ ਡਾ. ਪੁਸ਼ਪਿੰਦਰ ਕੌਰ ਨੇ ਕਿਹਾ ਕਿ ਇਹ ਮੁਕਾਬਲਾ ਵਿਦਿਆਰਥੀਆਂ ਲਈ ਇਕ ਵਿਲਾਸਪੂਰਨ ਮੌਕਾ ਹੈ, ਜਿੱਥੇ ਉਹ ਨਾ ਸਿਰਫ਼ ਆਪਣੀ ਲਿਖਣ ਕਲਾ ਨੂੰ ਨਿਖਾਰ ਸਕਦੇ ਹਨ।

ਵਿਦਿਆਰਥੀਆ ਵਲੋਂ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਭਾਸ਼ਾ 'ਚ ਆਪਣੇ ਲੇਖ ਪੇਸ਼ ਕੀਤੇ ਗਏ। ਲੇਖ ਲਿਖਣ ਮੁਕਾਬਲੇ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ 'ਚੋਂ ਪਹਿਲਾ ਸਥਾਨ ਜਸਵੀਰ ਕੌਰ ਬੀ.ਏ. ਭਾਗ ਪਹਿਲਾ, ਦੂਜਾ ਸਥਾਨ ਮੁਸਕਾਨਪ੍ਰੀਤ ਕੌਰ ਬੀ.ਬੀ.ਏ. ਭਾਗ ਦੂਜਾ, ਤੀਜਾ ਸਥਾਨ ਨਵਜੋਤ ਕੌਰ ਬੀ.ਏ. ਭਾਗ ਪਹਿਲਾ, ਚੌਥਾ ਸਥਾਨ ਅੰਮ੍ਰਿਤਪਾਲ ਕੌਰ ਬੀ. ਏ. ਭਾਗ ਤੀਜਾ ਤੇ ਵੰਧਨਾ ਬੀ. ਏ. ਭਾਗ ਪਹਿਲਾ ਨੇ ਹਾਸਿਲ ਕੀਤਾ। ਇਸ ਮੌਕੇ ਕਾਲਜ ਦੇ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ ਵੀ ਹਾਜ਼ਰ ਰਹੇ।

ਕੁੰਦਨ ਗੋਗੀਆ ਦੀ ਅਗਵਾਈ ਹੇਠ ਹੋਈ ਬੈਠਕ

ਮੀਟਿੰਗ ਦੌਰਾਨ ਮੇਅਰ ਕੁੰਦਨ ਗੋਗੀਆ ਤੇ ਸੰਗਠਨ ਮੈਂਬਰ। ਅਜੀਤ ਤਸਵੀਰ

ਪਟਿਆਲਾ, 27 ਨਵੰਬਰ (ਅ.ਸ. ਆਹਲੂਵਾਲੀਆ)-ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਤੇ ਆਉਣ ਵਾਲੀਆਂ ਸੰਗਠਨਕ ਗਤੀਵਿਧੀਆਂ ਦੀ ਯੋਜਨਾ ਤਿਆਰ ਕਰਨ ਲਈ ਸੰਗਠਨ ਇੰਚਾਰਜ ਕੁੰਦਨ ਗੋਗੀਆ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਵੱਖ-ਵੱਖ ਵਿੰਗਾਂ ਦੇ ਪ੍ਰਧਾਨਾਂ ਅਤੇ ਸੰਗਠਨ ਨਾਲ ਜੁੜੇ ਸੀਨੀਅਰ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਕੁੰਦਨ ਗੋਗੀਆ ਨੇ ਕਿਹਾ ਕਿ ਸੰਗਠਨ ਦੀ ਤਾਕਤ ਉਸ ਦੇ ਵਰਕਰ ਹਨ ਅਤੇ ਹਰ ਪੱਧਰ 'ਤੇ ਇਕਜੁੱਟ ਹੋ ਕੇ ਕੰਮ ਕਰਨਾ ਹੀ ਭਵਿੱਖ ਦੀ ਸਫਲਤਾ ਦੀ ਕੁੰਜੀ ਹੈ। ਉਨ੍ਹਾਂ ਜ਼ਿਕਰ ਕੀਤਾ ਕਿ ਸ਼ਹਿਰ ਅਤੇ ਵਾਰਡ ਪੱਧਰ 'ਤੇ ਸੰਗਠਨ ਦੀ ਸਰਗਰਮੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਨਸ਼ਾ ਵਿਰੋਧੀ ਮੁਹਿੰਮ ਦੇ ਇੰਚਾਰਜ ਦਵਿੰਦਰ ਪਾਲ ਮਿੱਕੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਚੱਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਯੂਥ ਵਿੰਗ ਦੇ ਪ੍ਰਧਾਨ ਹਰਮਨ ਸੰਧੂ ਨੇ ਕਿਹਾ ਕਿ ਯੂਥ ਨੂੰ ਵੱਡੀ ਗਿਣਤੀ ਵਿਚ ਸੰਗਠਨ ਨਾਲ ਜੋੜਨ ਲਈ ਖ਼ਾਸ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ। ਮਹਿਲਾ ਵਿੰਗ ਦੀ ਪ੍ਰਧਾਨ ਮੋਨੀਕਾ ਸ਼ਰਮਾ ਨੇ ਮਹਿਲਾ ਜਾਗਰੂਕਤਾ ਕੈਂਪੇਨਾਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿਚ ਐੱਸ. ਸੀ. ਵਿੰਗ ਦੇ ਪ੍ਰਧਾਨ ਗੋਬਿੰਦ ਬਡੂੰਗਰ, ਬਲਾਕ ਪ੍ਰਧਾਨ ਸੁਸ਼ੀਲ ਕੁਮਾਰ, ਵਿਜੇ ਕੁਮਾਰ, ਕ੍ਰਿਸ਼ਨ ਕੁਮਾਰ, ਅਸ਼ੋਕ ਕੁਮਾਰ, ਅਮਨ ਬਾਂਸਲ, ਰੁਬੀ ਭਾਟੀਆ, ਕੌਂਸਲਰ ਜਗਤਾਰ ਸਿੰਘ ਜੱਗੀ ਅਤੇ ਸੀਨੀਅਰ ਆਗੂ ਰਜਿੰਦਰ ਮੋਹਨ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਸੰਗਠਨ ਦੀਆਂ ਭਵਿੱਖੀ ਯੋਜਨਾਵਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਭ ਨੇ ਮਿਲ ਕੇ ਮਿਹਨਤ ਕਰਨ ਦਾ ਸੰਕਲਪ ਲਿਆ।

ਉੱਘੇ ਸਮਾਜ ਸੇਵਕ ਅਮਰੀਕ ਸਿੰਘ ਭਾਨਰੀ ਅਤੇ ਗੁਰਧਿਆਨ ਸਿੰਘ ਭਾਨਰੀ ਪੁਲਿਸ ਉਪ ਕਪਤਾਨ ਕੰਟਰੋਲ ਰੂਮ ਪਟਿਆਲਾ ਰਾਮਕੇਧ ਕੁਮਾਰ ਦਾ ਸਨਮਾਨ ਕਰਦੇ ਹੋਏ। ਤਸਵੀਰ ਤੇ ਵੇਰਵਾ : ਪ੍ਰੀਤਮ ਸਿੰਘ ਨਾਗੀ

ਬਿਜਲੀ ਮੁਲਾਜ਼ਮਾਂ ਵਲੋਂ ਸਰਕਾਰੀ ਜ਼ਮੀਨਾਂ ਵੇਚਣ ਲਈ ਲਿਆਂਦੀ ਓ. ਯੂ. ਵੀ. ਜੀ. ਐੱਲ. ਨੀਤੀ ਦੀ ਨਿਖੇਧੀ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-ਬਿਜਲੀ ਮੁਲਾਜ਼ਮਾਂ ਦੀਆਂ 16 ਜਥੇਬੰਦੀਆਂ ਦੇ ਸਾਂਝੇ ਥੜ੍ਹੇ ਪੀ. ਐੱਸ. ਈ. ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅ